# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 25-10-2024**

ਜਸਟਿਸ ਸੰਜੀਵ ਖੰਨਾ ਨੂੰ ਭਾਰਤ ਦਾ ਅਗਲਾ ਚੀਫ਼ ਜਸਟਿਸ ਨਿਯੁਕਤ ਕੀਤਾ ਗਿਆ ਏ। ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਇੱਕ ਟਵੀਟ ਵਿੱਚ ਕਿਹਾ ਕਿ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਚੀਫ਼ ਜਸਟਿਸ ਡੀ. ਵਾਈ. ਚੰਦਰਚੂੜ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਜਸਟਿਸ ਖੰਨਾ ਨੂੰ 11 ਨਵੰਬਰ ਤੋਂ ਭਾਰਤ ਦਾ ਚੀਫ ਜਸਟਿਸ ਨਿਯੁਕਤ ਕੀਤਾ ਏ । ਜਸਟਿਸ ਖੰਨਾ ਇਸ ਸਮੇਂ ਸੁਪਰੀਮ ਕੋਰਟ ਦੇ ਦੂਜੇ ਸਭ ਤੋਂ ਸੀਨੀਅਰ ਜੱਜ ਨੇ। ਉਹ ਭਾਰਤ ਦੇ 51ਵੇਂ ਚੀਫ਼ ਜਸਟਿਸ ਹੋਣਗੇ । ਜਸਟਿਸ ਖੰਨਾ 13 ਮਈ , 2025 ਨੂੰ ਸੇਵਾਮੁਕਤ ਹੋਣਗੇ ।ਮੌਜੂਦਾ ਚੀਫ ਜਸਟਿਸ ਡੀ. ਵਾਈ. ਚੰਦਰਚੂੜ , ਜਿਨ੍ਹਾਂ ਨੇ 9 ਨਵੰਬਰ 2022 ਨੂੰ ਅਹੁਦਾ ਸੰਭਾਲਿਆ ਸੀ, ਇਸ ਸਾਲ 10 ਨਵੰਬਰ ਨੂੰ ਸੇਵਾਮੁਕਤ ਹੋ ਜਾਣਗੇ।

-----------------------------------------------------------------

ਚੀਫ ਜਸਟਿਸ ਡੀ. ਵਾਈ. ਚੰਦਰਚੂੜ ਨੇ ਕਿਹਾ ਏ ਕਿ ਪਿਛਲੇ 75 ਸਾਲਾਂ 'ਚ ਸਰਵਉੱਚ ਅਦਾਲਤ ਲੋਕਾਂ ਦੀ ਅਦਾਲਤ ਵਜੋਂ ਮਜ਼ਬੂਤ ਹੋਈ ਏ। ਉਨ੍ਹਾਂ ਕਿਹਾ ਕਿ ਦੇਸ਼ ਦੀ ਸਿਖਰਲੀ ਅਦਾਲਤ ਵੱਲੋਂ ਜਨਤਕ ਅਦਾਲਤ ਵਜੋਂ ਸੇਵਾ ਨਿਭਾਉਣ ਦੀ ਇਹ ਮਿਸਾਲ ਦੁਨੀਆਂ ਵਿੱਚ ਹੋਰ ਕਿਤੇ ਨਹੀਂ ਮਿਲਦੀ।

-----------------------------------------------------------------

ਪੰਜਾਬ ਸਰਕਾਰ ਨੇ ਪਲਾਟਾਂ ਦੀ ਰਜਿਸਟ੍ਰੇਸਨ ਲਈ ਐਨ.ਓ.ਸੀ. ਦੀ ਸ਼ਰਤ ਖਤਮ ਕਰ ਦਿੱਤੀ ਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਮੀਨ-ਜਾਇਦਾਦ ਦੀ ਰਜਿਸਟਰੀ ਵਾਸਤੇ ਨੋ ਆਬਜ਼ੈਕਸ਼ਨ ਸਰਟੀਫ਼ਿਕੇਟ- NOC ਦੀ ਰਿਵਾਇਤ ਨੂੰ ਖ਼ਤਮ ਕਰਨ ਲਈ, ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸਨ (ਸੋਧ) ਐਕਟ, 2024 ਨੂੰ ਸਹਿਮਤੀ ਦੇਣ ਵਾਸਤੇ, ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਨੇ ਇਸ ਬਿੱਲ ਨੂੰ, ਬੀਤੀ 3 ਸਤੰਬਰ ਨੂੰ ਪਾਸ ਕੀਤਾ ਸੀ, ਜਿਸ ਤੋਂ ਬਾਅਦ

ਰਾਜਪਾਲ ਨੇ ਇਸ ਨੂੰ ਪਾਸ ਕਰ ਦਿੱਤਾ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਸੋਧ ਦਾ ਉਦੇਸ਼ ਛੋਟੇ ਪਲਾਟ ਧਾਰਕਾਂ ਨੂੰ ਰਾਹਤ ਦੇਣ ਦੇ ਨਾਲ-ਨਾਲ ਗੈਰ-ਕਾਨੂੰਨੀ ਕਲੋਨੀਆਂ 'ਤੇ ਸਖਤ ਕੰਟਰੋਲ ਨੂੰ ਯਕੀਨੀ ਬਣਾਉਣਾ ਏ।

----------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਵਿਚ ਪਰਾਲੀ ਸਾੜਨ ਦੇ ਮਾਮਲਿਆਂ ਨੂੰ ਘਟਾਉਣ ਦੇ ਰੁਝਾਨ ਨੂੰ ਬਰਕਰਾਰ ਰੱਖਦਿਆਂ ਪੰਜਾਬ ਨੇ ਪਰਾਲੀ ਨੂੰ ਅੱਗ ਲਗਾਉਣ ਦੀ ਸਮੱਸਿਆ 'ਤੇ ਕਾਬੂ ਪਾਉਣ ਵਿੱਚ ਮਹੱਤਵਪੂਰਨ ਸਫ਼ਲਤਾ ਹਾਸਲ ਕੀਤੀ ਐ। ਇਸ ਸਾਲ 23 ਅਕਤੂਬਰ ਤੱਕ ਪਿਛਲੇ ਸਾਲ ਦੇ ਮੁਕਾਬਲੇ ਪਰਾਲੀ ਨੂੰ ਅੱਗ ਲਾਉਣ ਦੇ ਮਾਮਲਿਆਂ ਵਿੱਚ 16 ਫੀਸਦ ਗਿਰਾਵਟ ਦਰਜ ਕੀਤੀ ਗਈ ਐ। ਸੂਬੇ ਵਿੱਚ ਇਸ ਸਾਲ 23 ਅਕਤੂਬਰ ਤੱਕ ਇਕ ਹਜ਼ਾਰ 638 ਥਾਵਾਂ 'ਤੇ ਪਰਾਲੀ ਨੂੰ ਅੱਗ ਲਾਈ ਗਈ ਹੈ, ਜੋ ਪਿਛਲੇ ਸਾਲ ਦੇ ਇਕ ਹਜ਼ਾਰ 946 ਮਾਮਲਿਆਂ ਤੋਂ ਕਾਫ਼ੀ ਘੱਟ ਐ। ਮੰਤਰੀ ਖੁੱਡੀਆਂ ਨੇ

ਦੱਸਿਆ ਕਿ ਪੰਜਾਬ ਵਿੱਚ ਸਾਲ 2020 ਦੇ ਮੁਕਾਬਲੇ ਸਾਲ 2024 ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ 88 ਫੀਸਦ ਦੀ ਵੱਡੀ ਗਿਰਾਵਟ ਦਰਜ ਕੀਤੀ ਗਈ ਐ । ਸਰਕਾਰੀ ਅੰਕੜਿਆਂ ਅਨੁਸਾਰ ਸਾਲ 2020 ਦੌਰਾਨ ਸੂਬੇ ਵਿੱਚ ਪਰਾਲੀ ਸਾੜਨ ਦੇ 13 ਹਜ਼ਾਰ 894 ਮਾਮਲੇ ਸਾਹਮਣੇ ਆਏ ਸਨ ਜੋ ਇਸ ਸਾਲ ਬਹੁਤ ਹੱਦ ਤੱਕ ਘਟ ਕੇ ਮਹਿਜ਼ ਇਕ ਹਜ਼ਾਰ 638 ਰਹਿ ਗਏ ਨੇ । ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ‘ਤੇ ਕਾਬੂ ਪਾਉਣ ਅਤੇ ਕਿਸਾਨਾਂ ਵਿੱਚ ਜਾਗਰੂਕਤਾ ਪੈਦਾ ਕਰਨ ਸਰਕਾਰ ਵੱਲੋਂ 8000 ਤੋਂ ਵੱਧ ਨੋਡਲ ਅਫ਼ਸਰ ਤਾਇਨਾਤ ਕੀਤੇ ਗਏ ਨੇ ।

--------------------------------------------------------------

ਓਧਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਮੁੱਖ ਖੇਤੀਬਾੜੀ ਅਫਸਰ ਵੱਲੋਂ ਬਾਹੜੋਵਾਲ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਾਇਆ ਗਿਆ। ਜ਼ਿਲ੍ਹਾ ਸਿਖਲਾਈ ਅਫਸਰ ਡਾ. ਸੁਖਦੇਵ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਜ਼ਮੀਨ ਵਿਚ ਮਿਲਾ ਕੇ ਕਣਕ ਦੀ ਬਿਜਾਈ ਕਰਨ । ਇਸ ਨਾਲ਼ ਖੇਤਾਂ ਦੀ ਉਪਜਾਊ ਸ਼ਕਤੀ

ਵੱਧਦੀ ਹੈ ਅਤੇ ਮਿੱਤਰ ਕੀੜੇ ਵੀ ਬਚਦੇ ਹਨ ਅਤੇ ਚੌਗਿਰਦੇ ਦੀ ਤਪਸ਼ ਨੂੰ ਵੀ ਘਟਾਇਆ ਜਾ ਸਕਦਾ ਐ। ਉਨ੍ਹਾਂ ਕਿਹਾ ਕਿ ਕਿਸਾਨ ਸਬਸਿਡੀ ਵਾਲੀਆਂ ਮਸ਼ੀਨਾ ਦੀ ਵਰਤੋਂ ਪੂਰੀ ਸਮਰੱਥਾ ਨਾਲ਼ ਕਰਨ ਤਾਂ ਜੋ ਵੱਧ ਤੋਂ ਵੱਧ ਬਿਜਾਈ ਹੋ ਸਕੇ।

---------------------------------------------------

ਪੰਜਾਬ ਦੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਮੁਹਾਲੀ ਦੇ ਪੁੱਡਾ ਭਵਨ ਵਿਖੇ ਪੁੱਡਾ ਅਤੇ ਗਮਾਡਾ ਦੇ ਇੰਜੀਨੀਅਰਿੰਗ ਵਿੰਗ ਵੱਲੋਂ ਚਲਾਏ ਜਾ ਰਹੇ ਪ੍ਰਾਜੈਕਟਾਂ ਦੀ ਸਮੀਖਿਆ ਮੀਟਿੰਗ ਕੀਤੀ। ਇੰਜੀਨੀਅਰਿੰਗ ਵਿੰਗ ਵੱਲੋਂ ਕੀਤੇ ਜਾ ਰਹੇ ਵਿਕਾਸ ਦੇ ਕੰਮਾਂ ਦੀ ਪ੍ਰਗਤੀ ਦੀ ਸਥਿਤੀ ਬਾਰੇ ਜਾਣਨ ਤੋਂ ਬਾਅਦ ਮੁੰਡੀਆਂ ਨੇ ਅਧਿਕਾਰੀਆਂ ਨੂੰ ਸਾਰੇ ਕੰਮ ਤੈਅ ਸਮੇਂ ਵਿੱਚ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਅਤੇ ਨਾਲ ਹੀ ਕਿਹਾ ਕਿ ਜਿਹੜੇ ਵੀ ਕੰਮ ਪੈਂਡਿੰਗ ਚੱਲ ਰਹੇ ਹਨ , ਉਹਨਾਂ ਨੂੰ ਪਹਿਲ ਦੇ ਆਧਾਰ 'ਤੇ ਮੁਕੰਮਲ ਕੀਤਾ ਜਾਵੇ ਤਾਂ ਜੋ ਪ੍ਰਾਜੈਕਟਾਂ ਅੰਦਰ ਵੱਸਦੀ ਜਨਤਾ ਨੂੰ ਸਾਰੀਆਂ ਬੁਨਿਆਦੀ ਸੁਵਿਧਾਵਾਂ ਦਿੱਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਚੱਲ ਰਹੇ ਪ੍ਰਾਜੈਕਟਾਂ ਦੀ ਪ੍ਰਗਤੀ

ਦੀ ਉਹ ਹਰ ਹਫ਼ਤੇ ਸਮੀਖਿਆ ਕਰਨਗੇ ਅਤੇ ਆਉਣ ਵਾਲੇ ਸਮੇਂ ਵਿੱਚ ਉਹ ਪ੍ਰਾਜੈਕਟਾਂ ਦੀ ਜ਼ਮੀਨੀ ਸਥਿਤੀ ਜਾਣਨ ਲਈ ਸਾਈਟਾਂ ਦਾ ਦੌਰਾ ਵੀ ਕਰਨਗੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਜੇਕਰ ਉਨ੍ਹਾਂ ਨੂੰ ਆਪਣੀ ਡਿਊਟੀ ਨਿਭਾਉਣ ਦੌਰਾਨ ਕੋਈ ਮੁਸ਼ਕਿਲ ਪੇਸ਼ ਆਉਂਦੀ ਐ ਤਾਂ ਉਹ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਨੇ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਹ ਉਨ੍ਹਾਂ ਦੀ ਹਰ ਸੰਭਵ ਮਦਦ ਕਰਨਗੇ।

------------------------------------------------------------

ਬਾਲ ਅਧਿਕਾਰਾਂ ਦੀ ਸੁਰੱਖਿਆ ਲਈ ਰਾਸ਼ਟਰੀ ਕਮਿਸ਼ਨ (ਐਨ.ਸੀ.ਪੀ.ਸੀ.ਆਰ.) ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ, ਜ਼ਿਲ੍ਹਾ ਟਾਸਕ ਫੋਰਸ ਵੱਲੋਂ ਬਾਲ ਮਜ਼ਦੂਰੀ ਦੀ ਰੋਕਥਾਮ ਲਈ ਲੁਧਿਆਣਾ ਰੇਲਵੇ ਸਟੇਸ਼ਨ 'ਤੇ ਚਲਾਈ ਜਾਗਰੂਕਤਾ ਮੁਹਿੰਮ ਦੌਰਾਨ 11 ਬੱਚਿਆਂ ਨੂੰ ਰੈਸਕਿਊ ਕਰਵਾਇਆ ਗਿਆ ਐ। ਲੁਧਿਆਣਾ ਦੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਰਸ਼ਮੀ ਨੇ ਦੱਸਿਆ ਕਿ ਰੇਲ ਗੱਡੀਆਂ ਦੀ ਚੈਕਿੰਗ ਦੌਰਾਨ 11 ਬੱਚਿਆਂ ਨੂੰ ਰੈਸਕਿਊ ਕੀਤਾ ਗਿਆ ਏ ਜਿਨ੍ਹਾਂ ਨੂੰ ਬਾਲ ਮਜ਼ਦੂਰੀ ਕਰਵਾਉਣ ਲਈ ਬਿਹਾਰ ਤੋਂ ਲੁਧਿਆਣਾ ਲਿਆਂਦਾ ਜਾ ਰਿਹਾ

ਸੀ। ਬਾਅਦ ਵਿੱਚ ਇਨ੍ਹਾਂ ਬੱਚਿਆਂ ਨੂੰ ਬਾਲ ਭਲਾਈ ਕਮੇਟੀ ਅੱਗੇ ਪੇਸ਼ ਵੀ ਕੀਤਾ ਗਿਆ।

------------------------------------------------------------

ਸਾਹਿਬਜ਼ਾਦਾ ਅਜੀਤ ਸਿੰਘ ਜ਼ਿਲ੍ਹੇ ਵਿਖੇ ਚੱਲ ਰਿਹਾ ਆਜੀਵਿਕਾ ਖੇਤਰੀ ਸਰਸ ਮੇਲਾ ਰਵਾਇਤੀ ਲੋਕ-ਨਾਚ, ਲੋਕ ਕਲਾਵਾਂ, ਲੋਕ-ਗੀਤਾਂ ਰਾਹੀਂ ਲੋਕਾਂ ਨੂੰ ਆਕਰਸ਼ਿਤ ਕਰ ਰਿਹਾ ਐ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਤੇ ਮੇਲੇ ਦੇ ਨੋਡਲ ਅਫਸਰ ਸੋਨਮ ਚੌਧਰੀ ਦੀ ਅਗਵਾਈ ਵਿੱਚ ਸਮਾਜਿਕ ਬੁਰਾਈਆਂ ਅਤੇ ਲੋਕ ਮੁੱਦਿਆਂ ਬਾਰੇ ਵੀ ਵੱਖ-ਵੱਖ ਮਾਧਿਅਮਾਂ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਐ। ਮੇਲੇ ਦਾ ਛੇਵਾਂ ਦਿਨ ਇੰਟਰਨੈੱਟ ਦੇ ਮਾਧਿਅਮ ਰਾਹੀਂ ਹੁੰਦੇ ਅਪਰਾਧ ਅਤੇ ਫਰਾਡ ਨੂੰ ਰੋਕਣ ਲਈ ਸਾਈਬਰ ਕ੍ਰਾਈਮ ਵਿਭਾਗ ਨੂੰ ਸਮਰਪਿਤ ਰਿਹਾ। ਸਟੇਟ ਸਾਈਬਰ ਕ੍ਰਾਈਮ ਦੇ ਐੱਸ ਪੀ ਜਸ਼ਨਦੀਪ ਸਿੰਘ ਗਿੱਲ ਦੀ ਅਗਵਾਈ ਵਿੱਚ ਕਰਵਾਏ ਗਏ ਜਾਗਰੂਕਤਾ ਪ੍ਰੋਗਰਾਮ ਦੌਰਾਨ ਏ.ਡੀ.ਜੀ.ਪੀ ਸਾਈਬਰ ਕ੍ਰਾਈਮ ਵੀ. ਨੀਰਜਾ ਨੇ ਕਿਹਾ ਕਿ ਇੰਟਰਨੈੱਟ ’ਤੇ ਕਿਸੇ ਵੀ ਤਰ੍ਹਾਂ ਦੇ ਫਰਾਡ ਦੀ ਸੂਚਨਾ ਸਾਈਬਰ ਕ੍ਰਾਈਮ ਚੈੱਟ ਐਪ ਦੇ ਉੱਤੇ ਸਾਂਝੀ

ਕੀਤੀ ਜਾ ਸਕਦੀ ਐ। ਜੇਕਰ ਕਿਸੇ ਵੀ ਤਰ੍ਹਾਂ ਦਾ ਪੈਸੇ ਦੇ ਲੈਣ-ਦੇਣ ਦਾ ਆਨਲਾਈਨ ਫਰਾਡ ਹੁੰਦਾ ਐ ਤਾਂ 1930 ਟੋਲ ਫ੍ਰੀ ਨੰਬਰ 'ਤੇ ਇਸ ਦੀ ਰਿਪੋਰਟ ਦਰਜ ਕਰਵਾਈ ਜਾ ਸਕਦੀ ਐ।

. . .